**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਵਿੰਦਰ ਸਿੰਘ (ਮੋਬ 9872821947)
ਪੁੱਤਰ ਸ਼੍ਰੀ ਕੁਲਦੀਪ ਸਿੰਘ,
ਮਕਾਨ ਨੰ:2636, ਗਲੀ ਨੰ:1,
ਆਜ਼ਾਦ ਨਗਰ ਨੇੜੇ ਸ਼ਿਮਲਾ ਮਾਰਕੀਟ,
ਪੁਤਲੀਘਰ, ਅੰਮ੍ਰਿਤਸਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ,
ਅੰਮ੍ਰਿਤਸਰ। -------ਉੱਤਰਦਾਤਾ

**ਸ਼ਿਕਾਇਤਕ ਕੇਸ ਨੰ:258/2019**

**ਹਾਜ਼ਰ:-**

1) ਸ਼੍ਰੀ ਰਾਜਵਿੰਦਰ ਸਿੰਘ ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਰਿੰਦਰ ਸਿੰਘ (97805-75000)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 05-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼ਿਕਾਇਤ ਨੰ:1144-ਪੀ.ਸੀ./ਡਬਲਿਯੂ, ਮਿਤੀ 09-08-2018, ਪੀ.ਸੀ.ਆਰ.-100 ਮਿਤੀ 12-07-2018 ਅਤੇ ਪੀ.ਸੀ.ਆਰ.100, ਮਿਤੀ 03-08-2018 ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਰਿੰਦਰ ਸਿੰਘ ਨੇ ਪੱਤਰ ਨੰ:2271-72, ਪੀ.ਸੀ.ਆਰ., ਮਿਤੀ 28-05-2019, ਜਿਸ ਦੀ ਇੱਕ ਕਾਪੀ ਸ਼ਿਕਾਇਤਕਰਤਾ ਨੂੰ ਵੀ ਭੇਜੀ ਗਈ ਹੈ, ਪੇਸ਼ ਕਰਦੇ ਹੋਏ ਕਿਹਾ ਹੈ ਕਿ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਤਾਦਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਪਹਿਲਾਂ ਵੀ ਅਜਿਹੀ ਆਰ.ਟੀ.ਆਈ. ਸਬੰਧੀ ਅਪੀਲ ਕੇਸ ਨੰ:646 ਆਫ 2019 ਮਾਣਯੋਗ ਮੁੱਖ ਸੂਚਨਾ ਕਮਿਸ਼ਨਰ ਜੀ ਵੱਲੋਂ ਆਪਣੇ ਹੁਕਮ, ਮਿਤੀ 27-03-2019 ਰਾਹੀਂ ਡਿਸਪੋਜ਼ ਆਫ ਕੀਤਾ ਜਾ ਚੁੱਕਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ**, 12 **ਜੂਨ**, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਲਦੇਵ ਸਿੰਘ,
ਪੁੱਤਰ ਸ਼੍ਰੀ ਨਾਨਕ ਸਿੰਘ,
ਮਕਾਨ ਨੰ 16/1986 , ਨਾਈਆਂ ਵਾਲੀ ਗਲੀ,
ਨਵੀਂ ਆਬਾਦੀ ਵੇਰਕਾ,
ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਟਰੇਟ,
ਅੰਮ੍ਰਿਤਸਰ-2. -----------ਉੱਤਰਦਾਤਾ

**ਸ਼ਿਕਾਇਤ ਕੇਸ ਨੰ:268/2019**

**ਹਾਜ਼ਰ:-**

1) ਸ਼੍ਰੀ ਬਲਦੇਵ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਵੀਨਾਸ਼ ਕੁਮਾਰ, ਰੀਡਰ (98140-49462)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 05-11-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਟਰੇਟ, ਅੰਮ੍ਰਿਤਸਰ-2. ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮੇਨਟੀਨੈਂਸ ਐਂਡ ਵੈਲਫੇਅਰ ਆਫ ਸੀਨੀਅਰ ਸਿਟੀਜਨ ਐਕਟ, 2007 ਦੀ ਧਾਰਾ 16 ਤਹਿਤ ਦਾਇਰ ਕੀਤੀ ਗਈ ਅਪੀਲ ਕੇਸ ਨੰ:2/ਡੀ.ਸੀ. ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਵੀਨਾਸ਼ ਕੁਮਾਰ, ਰੀਡਰ ਨੇ ਪੱਤਰ ਮਿਤੀ 12-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਦਿੱਤੀ ਜਾ ਚੁੱਕੀ ਹੈ ਅਤੇ ਸ਼ਿਕਾਇਤਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਵੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਤਾਦਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 12 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਦਿਆਲ ਸਿੰਘ (ਮੋਬ 98777-09415)
ਪੁੱਤਰ ਸ਼੍ਰੀ ਸ਼ੇਰ ਸਿੰਘ,
ਪਿੰਡ ਤੇ ਡਾਕਖਾਨਾ ਧਬਲਾਨ,
ਤਹਿਸੀਲ ਤੇ ਜ਼ਿਲ੍ਹਾ ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ
ਦਫਤਰ ਉਪ ਮੰਡਲ ਮੈਜਿਟਰੇਟ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:977/2019**

**ਹਾਜ਼ਰ:-**

1) ਸ਼੍ਰੀ ਹਰਦਿਆਲ ਸਿੰਘ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਸ਼੍ਰੀਮਤੀ ਅੰਜੂ ਰਾਣੀ, ਕਲਰਕ (98559-84392)

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-01-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਅਵਤਾਰ ਸਿੰਘ ਵੱਲੋਂ ਖਤੌਨੀ ਖਸਰਾ ਨੰ:37//13,14 ਤੇ 7,8 ਦਰਮਿਆਨ ਅਤੇ 7 ਤੇ 6 ਦਰਮਿਆਨ ਜਾਣ ਵਾਲੀ ਪਹੀ ਦੀ ਨਿਸ਼ਾਨਦੇਹੀ ਲਈ ਮਿਤੀ 06-06-2017 ਨੂੰ ਦਿੱਤੀ ਗਈ ਦਰਖਾਸਤ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-09-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 07-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸ

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਅੰਜੂ ਰਾਣੀ, ਕਲਰਕ ਨੇ ਕਿਹਾ ਹੈ ਕਿ ਉਨ੍ਹਾਂ ਕੋਲ ਉਪਲਬਧ ਸੂਚਨਾ ਪਹਿਲਾਂ ਹੀ ਅਪੀਲਕਰਤਾ ਨੂੰ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:5920, ਮਿਤੀ 03-06-2019 ਰਾਹੀਂ ਕਮਿਸ਼ਨ ਨੂੰ ਵੀ ਸੁਚਿਤ ਕੀਤਾ ਹੋਇਆ ਹੈ। ਪਰੰਤੂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਨੁਕਤਾ ਨੰ:1 ਅਤੇ 2 ਦੀ ਸੂਚਨਾ ਮਿਲ ਗਈ ਹੈ ਅਤੇ ਅਜੇ ਨੁਕਤਾ ਨੰ;3 ਬਾਰੇ ਸੂਚਨਾ ਨਹੀਂ ਮਿਲੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਨੁਕਤਾ ਨੰ:3 ਸਬੰਧੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ।                                                                 ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਲਾਇਸੰਸਿੰਗ ਅਤੇ ਰਜਿਸਟਰੇਸ਼ਲ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਰਾਜਪੁਰਾ,
ਜ਼ਿਲ੍ਹਾ ਪਟਿਆਲਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਰਾਜਪੁਰਾ,
ਜ਼ਿਲ੍ਹਾ ਪਟਿਆਲਾ।                                                                 -----ਉੱਤਰਦਾਤਾ

**ਅਪੀਲ ਕੇਸ ਨੰ:985/2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਤੇਜਿੰਦਰ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਘੁਬੀਰ ਸਿੰਘ, ਜੂਨੀਅਰ ਸਹਾਇਕ (96463-10008)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਲਾਇਸੰਸਿੰਗ ਅਤੇ ਰਜਿਸਟਰੇਸ਼ਲ ਅਥਾਰਟੀ-ਕਮ-ਉਪ ਮੰਡਲ ਮੈਜਿਸਟਰੇਟ, ਰਾਜਪੁਰਾ, ਜ਼ਿਲ੍ਹਾ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਘੁਬੀਰ ਸਿੰਘ, ਜੂਨੀਅਰ ਸਹਾਇਕ ਨੇ ਪੱਤਰ ਨੰ:13/ਪੀ.ਆਈ.ਓ., ਮਿਤੀ 11-05-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਪੱਤਰ ਨੰ:6/ਆਰ.ਟੀ.ਆਈ., ਮਿਤੀ 17-01-2019 ਰਾਹੀ ਰਜਿਸਟਰਡ ਡਾਕ ਰਾਹੀਂ ਪਹਿਲਾਂ ਹੀ ਸੂਚਨਾ ਭੇਜੀ ਜਾ ਚੱਕੀ ਹੈ ਅਤੇ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ।ਹਾਜ਼ਰ ਉੱਤਰਤਾਦਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਤੇਜਿੰਦਰ ਸਿੰਘ ਨੇ ਕਿਹਾ ਹੈ ਕਿ ਸੂਚਨਾ ਸਪੱਸ਼ਟ ਨਹੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 12 ਜੂਨ, 2019.                                  ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਗਵਾਨ ਸਿੰਘ,
#915,ਸੈਕਟਰ 127 ਗਿਲਕੋ, ਮੁਹਾਲੀ।                                   ------ ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ ,
ਦਫਤਰਖ਼ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ।                                   ------ਉੱਤਰਦਾਤਾ

**ਅਪੀਲ ਕੇਸ ਨੰ:995/2018**

ਹਾਜ਼ਰ:-

1) ਸ਼੍ਰੀ ਭਗਵਾਨ ਸਿੰਘ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਸ਼੍ਰੀ ਰਸ਼ਨੀ ਕੁਮਾਰ,ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ (94177-34385) ਅਤੇ ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ. (83600-54302) ਦਫ਼ਤਰ ਏ.ਆਈ.ਜੀ. (ਕਰਾਈਮ)।

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-11-2017, ਲੋਕ ਸੂਚਨਾ ਅਧਿਕਾਰੀ ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਹੱਤਿਆ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 07-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਸ਼ਨੀ ਕੁਮਾਰ,ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:6/72/2017-2ਗ4/3017, ਮਿਤੀ 11-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ ਦੇ ਦਫ਼ਤਰ ਨਾਲ ਹੋਣ ਕਾਰਨ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ ਦੀ ਧਾਰਾ 6(3) ਤਹਿਤ ਉਨ੍ਹਾਂ ਨੂੰ ਤਬਦੀਲ ਕਰ ਦਿੱਤੀ ਗਈ ਸੀ। ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ ਦੇ ਦਫ਼ਤਰ ਦੇ ਐਡਮਿਨ ਵਿੰਗ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ ਦੀ ਧਾਰਾ 6(3) ਤਹਿਤ ਅੱਗੇ ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ (ਕਰਾਈਮ) ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ (ਕਰਾਈਮ) ਦੇ ਦਫ਼ਤਰ ਵੱਲੋਂ ਅਜੇ ਤੱਕ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ ਤਹਿਤ ਬਣਦੀ ਨੁਕਤਾਵਾਰ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 12 ਜੂਨ, 2019.                     ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨਿਖਿਲ ਸਰਾਫ, (ਮੋਬ 98726-32670)
51-52 ਕਾਂਸਲ ਇੰਨਕਲੇਵ, ਨੇੜੇ ਕਾਂਸਲ ਪਿੰਡ ਚੰਡੀਗੜ੍ਹ,
ਚੰਡੀਗੜ੍ਹ-160001. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗ੍ਰਹਿ ਸਕੱਤਰ, ਗ੍ਰਹਿ ਵਿਭਾਗ,
ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:249/2019**

**ਹਾਜ਼ਰ:-**

1) ਸ਼੍ਰੀ ਨਿਖਿਲ ਸਰਾਫ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ,) ਸ਼੍ਰੀ ਸੰਜੀਵ ਸ਼ਰਮਾ, ਸੀਨੀਅਰ ਸਹਾਇਕ (81462-60999)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 21-01-2019, ਲੋਕ ਸੂਚਨਾ ਅਧਿਕਾਰੀ ਦਫਤਰ ਗ੍ਰਹਿ ਸਕੱਤਰ, ਗ੍ਰਹਿ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵੱਖ-ਵੱਖ ਪੁਲਿਸ ਸਟੇਸ਼ਨਾਂ/ਪੁਲਿਸ ਚੌਂਕੀਆਂ ਵਿੱਚ ਪੜਤਾਲ ਅਧੀਨ ਸ਼ਿਕਾਇਤਾਂ/ਐਫ.ਆਈ.ਆਰਜ਼ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ, ਦਫਤਰ ਗ੍ਰਹਿ ਸਕੱਤਰ, ਗ੍ਰਹਿ ਵਿਭਾਗ, ਪੰਜਾਬ, ਵੱਲੋਂ ਸ਼ਿਕਾਇਤਕਰਤਾ ਦੇ ਬਿਨੈ ਪੱਤਰ ਦਾ ਸਬੰਧ ਡਾਇਰੈਕਟਰ ਜਨਰਲ, ਆਫ ਪੁਲਿਸ, ਪੰਜਾਬ ਦੇ ਦਫਤਰ ਨਾਲ ਹੋਣ ਕਾਰਨ ਮਿਤੀ 25-01-2018 ਨੂੰ ਸ਼ਿਕਾਇਤਕਰਤਾ ਦਾ ਬਿਨੈ ਪੱਤਰ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ ਜਨਰਲ, ਆਫ ਪੁਲਿਸ, ਪੰਜਾਬ ਦੇ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੰਜੀਵ ਸ਼ਰਮਾ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਸਪੱਸ਼ਟ ਨਹੀਂ ਸੀ। ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ (ਪਰਸ-1) ਵੱਲੋਂ ਆਪਣੇ ਪੱਤਰ ਨੰ:399-400, ਮਿਤੀ 12-02-2019 ਰਾਹੀਂ ਸ਼ਿਕਾਇਤਕਰਤਾ ਨੂੰ ਜਵਾਬ ਭੇਜ਼ ਦਿੱਤਾ ਗਿਆ ਸੀ ਕਿ ਉਸ ਦੀ ਆਰ.ਟੀ.ਆਈ. ਇੱਕ ਤੋਂ ਵੱਧ ਲੋਕ ਸੂਚਨਾ ਅਧਿਕਾਰੀਆਂ ਨਾਲ ਹੋਣ ਕਾਰਨ ਉਹ ਸਬੰਧਤ ਲੋਕ ਸੂਚਨਾ ਅਧਿਕਾਰੀਆਂ ਕੋਲੋ ਸੂਚਨਾ ਪ੍ਰਾਪਤ ਕਰ ਸਕਦਾ ਹੈ। ਸ਼ਿਕਾਇਤਕਰਤਾ ਨੇ ਕਿਹਾ ਕਿ ਉਹ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਹੈ ਅਤੇ ਉਸ ਨੇ ਉੱਚੀ-ਉੱਚੀ ਬੋਲ ਕੇ ਅਦਾਲਤ ਤੇ ਆਪਣਾ ਦਬਾਅ ਪਾ ਕੇ ਸੂਚਨਾ ਮੁਹੱਈਆ ਕਰਾਉਣ ਲਈ ਕਿਹਾ ਅਤੇ ਅਦਾਲਤ ਦੀ ਮਾਣਹਾਨੀ ਕੀਤੀ।

3. ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਸਪੱਸ਼ਟ ਨਹੀਂ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ, ਮਿਤੀ 21-01-2019 ਸਬੰਧੀ ਉਸ ਨੂੰ ਨਿਰਧਾਰਿਤ ਸਮੇਂ ਅੰਦਰ ਭਾਵ, ਮਿਤੀ 12-02-2019 ਨੂੰ ਜਵਾਬ ਭੇਜਿਆ ਗਿਆ ਸੀ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਜੇਕਰ ਸ਼ਿਕਾਇਤਕਰਤਾ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਸੀ ਤਾਂ ਉਸ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਜਾਣਾ ਚਾਹੀਦਾ ਸੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 12 **ਜੂਨ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨਿਖਿਲ ਸਰਾਫ, (ਮੋਬ 98726-32670)
51-52 ਕਾਂਸਲ ਇੰਨਕਲੇਵ, ਨੇੜੇ ਕਾਂਸਲ ਪਿੰਡ ਚੰਡੀਗੜ੍ਹ,
ਚੰਡੀਗੜ੍ਹ-160001. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗ੍ਰਹਿ ਸਕੱਤਰ, ਗ੍ਰਹਿ ਵਿਭਾਗ,
ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:250/2019**

**ਹਾਜ਼ਰ:-**

1) ਸ਼੍ਰੀ ਨਿਖਿਲ ਸਰਾਫ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ,) ਸ਼੍ਰੀ ਪ੍ਰਸ਼ੋਤਮ ਕੁਮਾਰ, ਹੈਡ ਕੰਸਟੇਬਲ (94171-31510) ਅਤੇ ਸ਼੍ਰੀ ਸ਼ਮਸ਼ੇਰ ਸਿੰਘ, ਸੀਨੀਅਰ ਸਹਾਇਕ (84370-31391)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 21-01-2019, ਲੋਕ ਸੂਚਨਾ ਅਧਿਕਾਰੀ ਦਫਤਰ ਗ੍ਰਹਿ ਸਕੱਤਰ, ਗ੍ਰਹਿ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਪੁਲਿਸ ਦੇ ਇੰਸਪੈਕਟਰਾਂ, ਸਬ ਇੰਸਪੈਕਟਰਾਂ, ਸਹਾਇਕ ਸਬ ਇੰਸਪੈਕਟਰਾਂ, ਹੈਡ ਕੰਸਟੇਬਲਾਂ ਅਤੇ ਕੰਸਟੇਬਲਾਂ ਆਦਿ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ, ਦਫਤਰ ਗ੍ਰਹਿ ਸਕੱਤਰ, ਗ੍ਰਹਿ ਵਿਭਾਗ, ਪੰਜਾਬ, ਵੱਲੋਂ ਸ਼ਿਕਾਇਤਕਰਤਾ ਦੇ ਬਿਨੈ ਪੱਤਰ ਦਾ ਸਬੰਧ ਡਾਇਰੈਕਟਰ ਜਨਰਲ, ਆਫ ਪੁਲਿਸ, ਪੰਜਾਬ ਦੇ ਦਫਤਰ ਨਾਲ ਹੋਣ ਕਾਰਨ ਮਿਤੀ 30-05-2019 ਨੂੰ ਸ਼ਿਕਾਇਤਕਰਤਾ ਦਾ ਬਿਨੈ ਪੱਤਰ ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ ਜਨਰਲ, ਆਫ ਪੁਲਿਸ, ਪੰਜਾਬ ਦੇ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈਡ ਕੰਸਟੇਬਲ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਸਪੱਸ਼ਟ ਨਹੀਂ ਸੀ। ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ (ਪਰਸ-1) ਵੱਲੋਂ ਆਪਣੇ ਪੱਤਰ ਨੰ:397-398, ਮਿਤੀ 12-02-2019 ਰਾਹੀਂ ਸ਼ਿਕਾਇਤਕਰਤਾ ਨੂੰ ਜਵਾਬ ਭੇਜ਼ ਦਿੱਤਾ ਗਿਆ ਸੀ ਕਿ ਉਸ ਦੀ ਆਰ.ਟੀ.ਆਈ. ਇੱਕ ਤੋਂ ਵੱਧ ਲੋਕ ਸੂਚਨਾ ਅਧਿਕਾਰੀਆਂ ਨਾਲ ਹੋਣ ਕਾਰਨ ਉਹ ਸਬੰਧਤ ਲੋਕ ਸੂਚਨਾ ਅਧਿਕਾਰੀਆਂ ਕੋਲੋ ਸੂਚਨਾ ਪ੍ਰਾਪਤ ਕਰ ਸਕਦਾ ਹੈ। ਸ਼ਿਕਾਇਤਕਰਤਾ ਨੇ ਕਿਹਾ ਕਿ ਉਹ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਹੈ ਅਤੇ ਉਸ ਨੇ ਉੱਚੀ-ਉੱਚੀ ਬੋਲ ਕੇ ਅਦਾਲਤ ਤੇ ਆਪਣਾ ਦਬਾਅ ਪਾ ਕੇ ਸੂਚਨਾ ਮੁਹੱਈਆ ਕਰਾਉਣ ਲਈ ਕਿਹਾ ਅਤੇ ਅਦਾਲਤ ਦੀ ਮਾਣਹਾਨੀ ਕੀਤੀ।

3. ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਸਪੱਸ਼ਟ ਨਹੀਂ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ, ਮਿਤੀ 21-01-2019 ਸਬੰਧੀ ਉਸ ਨੂੰ ਨਿਰਧਾਰਿਤ ਸਮੇਂ ਅੰਦਰ ਭਾਵ, ਮਿਤੀ 12-02-2019 ਨੂੰ ਜਵਾਬ ਭੇਜਿਆ ਗਿਆ ਸੀ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਜੇਕਰ ਸ਼ਿਕਾਇਤਕਰਤਾ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਸੀ ਤਾਂ ਉਸ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਜਾਣਾ ਚਾਹੀਦਾ ਸੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 12 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਮੋਹਣ ਸਿੰਘ ਮੱਕੜ,
ਮਕਾਨ ਨੰ: 334,
ਜੀ.ਟੀ. ਰੋਡ ਸਲੇਮ ਟਾਬਰੀ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਤਹਿਸੀਲਦਾਰ-ਕਮ-
ਸਬ ਰਜਿਸਟਰਾਰ (ਪੱਛਮੀ)
ਦਫ਼ਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਅਫਸਰ (ਪੱਛਮੀ), ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ: 916/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 29-04-2019 ਰਾਹੀਂ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕਰਨ ਲਈ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਨੇ ਇਕ ਕੋਰਟ ਕੇਸ ਦੇ ਸਬੰਧ ਵਿੱਚ ਜ਼ਿਲ੍ਹਾ ਅਦਾਲਤ, ਫਤਿਹਗੜ੍ਹ ਸਾਹਿਬ ਵਿਖੇ ਹਾਜ਼ਰ ਹੋਣਾ ਹੈ। ਇਸ ਕਰਕੇ ਉਨ੍ਹਾਂ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਇਹ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਦੇ ਪੱਤਰ ਨੰ:618। ਮਿਤੀ 18-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 12 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਮੋਹਣ ਸਿੰਘ ਮੱਕੜ,
ਮਕਾਨ ਨੰ: 334,
ਜੀ.ਟੀ. ਰੋਡ ਸਲੇਮ ਟਾਬਰੀ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੱਛਮੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:918/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 12-06-2019 ਰਾਹੀਂ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕਰਨ ਲਈ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਰਿੰਦਰ ਕੁਮਾਰ, (ਮੋਬ 9780674488)
ਮਕਾਨ ਨੰ:1869/92, ਕਿਲ੍ਹਾ ਮੁੱਹਲਾ,
ਦਰੇਸ਼ੀ ਰੋਡ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ,
ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:933/2019**

**ਹਾਜ਼ਰ:-**

1) ਸ਼੍ਰੀ ਸੁਰਿੰਦਰ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਦੇਵ ਸਿੰਘ, ਸਬ ਇੰਸਪੈਕਟਰ, ਦਫਤਰ ਕਮਿਸ਼ਨਰੇਟ, ਪੁਲਿਸ (ਸੀ.ਪੀ.), ਲੁਧਿਆਣਾ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-07-2018, ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਜਿਸਟਰਡ ਡਾਕ ਨੰ:ਈ.ਪੀ.516423840 ਆਈ.ਐਨ. ਮਿਤੀ 21-06-2018 ਰਾਹੀਂ ਗੁਰਮੀਤ ਪੁੱਤਰ ਪੂਰਨ ਚੰਦ ਵਾਸੀ ਮਕਾਨ ਨੰ:1869/73, ਕਿਲ੍ਹਾ ਮੁਹੱਲਾ, ਦਰੇਸੀ ਰੋਡ, ਲੁਧਿਆਣਾ ਵਿਰੁੱਧ ਦਿੱਤੀ ਗਈ ਦਰਖਾਸਤ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਨਹੀਂ ਪ੍ਰਾਪਤ ਹੋਈ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ ਸਿੰਘ, ਸਬ ਇੰਸਪੈਕਟਰ, ਦਫਤਰ ਨੇ ਪੱਤਰ ਨੰ:ਏ.ਸੀ.933/ਆਰ.ਟੀ.ਆਈ., ਮਿਤੀ 08-06-2019 ਰਾਹੀਂ ਸੂਚਨਾ ਪੇਸ਼ ਕੀਤੀ ਹੈ ਅਤੇ ਇਸ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਤਾਦਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 12 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸੱਤਿਆ ਪਾਲ ਬਾਂਸਲ, (78889-27021)
#347, ਸੈਕਟਰ 30-ਏ,
ਚੰਡੀਗੜ-160030। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

ਡਾਕਟਰ ਲਖਵਿੰਦਰ ਸਿੰਘ,
ਡਿਪਟੀ ਡਾਇਰੈਕਟਰ-ਕਮ-
ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),ਪੰਜਾਬ,
ਸਿੱਖਿਆ ਭਵਨ, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3306 ਆਫ਼ 2018**

**ਹਾਜ਼ਰ:-** 1) ਸ੍ਰੀ ਸੱਤਿਆ ਪਾਲ ਬਾਂਸਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ (98720-89729)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ ਨੇ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋਈ ਪਰੰਤੂ ਪ੍ਰਾਪਤ ਹੋਈ ਸੂਚਨਾ ਉਸ ਦੀ ਆਰ.ਟੀ.ਆਈ. ਮੁਤਾਬਿਕ ਨਹੀਂ ਹੈ।ਇਸਲਈ ਅਪੀਲਕਰਤਾ ਨੇ ਆਰ.ਟੀ.ਆਈ. ਮੁਤਾਬਿਕ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਵੱਲੋਂ ਕੇਵਲ 2 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਬਾਰੇ ਨੁਕਤਾਵਾਰ ਸਪੱਸ਼ਟ ਜਵਾਬ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 12 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰੋਹਿਤ ਸੱਭਰਵਾਲ (ਪ੍ਰਧਾਨ),
ਕੁੰਦਨ ਭਵਨ, 126 ਮਾਡਲ ਗਰਾਮ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:958/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਦੀਪ ਸਿੰਘ, ਕਲਰਕ (98140-19191)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-11-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਰਕਾਰੀ ਕਰਮਚਾਰੀਆਂ ਲਈ ਪੰਜਾਬ ਸਰਕਾਰ ਵੱਲੋਂ ਤੋਹਫੇ ਪ੍ਰਾਪਤ ਕਰਨ ਲਈ ਮਿੱਥੀ ਗਈ ਵਿੱਤੀ ਹੱਦ ਤੋਂ ਵੱਧ ਪ੍ਰਾਪਤ ਕੀਤੇ ਗਏ ਤੋਹਫਿਆਂ ਨੂੰ ਲਾਜ਼ਮੀ ਡਿਕਲੇਅਰ ਕਰਨ ਨਾਲ ਸਬੰਧਤ ਰੂਲਾਂ ਆਦਿ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 29-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 30-04-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਸਿੰਘ ਕਲਰਕ ਨੇ ਕਿਹਾ ਸੀ ਕਿ ਉਨ੍ਹਾਂ ਵਲੋਂ ਆਪਣੇ ਪੱਤਰ ਨੰ:608/ਅਸ/ਅਕ-1, ਮਿਤੀ 04-02-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਨੁਕਤਾ-ਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀਮਤੀ ਸੁਖਜਿੰਦਰ ਕੌਰ, ਐਡਵੋਕੇਟ ਰਾਹੀਂ ਭੇਜੀ ਗਈ ਈ.ਮੇਲ, ਮਿਤੀ 10-06-2019 ਦੁਆਰਾ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਮੰਗਦੇ ਹੋਏ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਆਰ.ਟੀ.ਆਈ. ਐਕਟ, 2005 ਦੀ ਧਾਰਾ 20(1) ਤਹਿਤ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਦੀਪ ਸਿੰਘ, ਕਲਰਕ ਨੇ ਕਿਹਾ ਹੈ ਕਿ ਉਨ੍ਹਾਂ ਦੇ ਪੱਤਰ ਨੰ:608 ਮਿਤੀ 11-02-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ ਪਰੰਤੂ ਅਪੀਲਕਰਤਾ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:958/2019**

ਵਲੋਂ ਸੂਚਨਾ ਵਿੱਚ ਪਾਈ ਗਈ ਕਿਸ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 12 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰੋਹਿਤ ਸੱਭਰਵਾਲ (ਪ੍ਰਧਾਨ),
ਕੁੰਦਨ ਭਵਨ, 126 ਮਾਡਲ ਗਰਾਮ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਅਸਿਸਟੈਂਟ ਇੰਸਪੈਕਟਰ ਜਨਰਲ, ਪੁਲਿਸ /ਪਰਸ-1,
ਐਡਮਿਨ ਵਿੰਗ ਦਫਤਰ ਡਾਇਰੈਕਟਰ ਜਨਰਲ ਆਫ
ਪੁਲਿਸ, ਪੰਜਾਬ,ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ (ਐਡਮਿਨ),
ਪੰਜਾਬ, ਹੈੱਡ-ਕੁਆਟਰਜ਼, ਚੰਡੀਗੜ੍ਹ। -------ਉੱਤਰਦਾਤਾ

**<u>ਅਪੀਲ ਕੇਸ ਨੰ:959/2019</u>**

**<u>ਹਾਜ਼ਰ:-</u>**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵੱਲੋਂ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ (94171-31510)

**<u>ਹੁਕਮ:</u>**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-10-2018, ਲੋਕ ਸੂਚਨਾ ਅਧਿਕਾਰੀ ਦਫਤਰ ਅਸਿਸਟੈਂਟ ਇੰਸਪੈਕਟਰ ਜਨਰਲ, ਪੁਲਿਸ /ਪਰਸ-1, ਐਡਮਿਨ ਵਿੰਗ ਦਫਤਰ ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ,ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਹਰਮੰਦਰ ਸਾਹਿਬ ਕੰਪਲੈਕਸ, ਅੰਮ੍ਰਿਤਸਰ ਵਿਖੇ ਸਾਲ 1984 ਵਿੱਚ ਆਪ੍ਰੇਸ਼ਨ ਬਲੂਅ ਸਟਾਰ ਦੌਰਾਨ ਮਾਰੇ ਗਏ/ਜ਼ਖਮੀ ਹੋਏ ਵਿਅਕਤੀਆਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 29-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 30-04-2019 ਤੇ ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:972/ਅਰ.ਟੀ.ਆਈ.-2, ਮਿਤੀ 08-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:4711/ਅਰ.ਟੀ.ਆਈ.-2, ਮਿਤੀ 21-12-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਨਾਜੁਕ ਵਿਸ਼ਾ ਹੋਣ ਕਰਕੇ ਆਰ.ਟੀ.ਆਈ. ਐਕਟ, 2005 ਦੀ ਧਾਰਾ 8(1)(ਏ) ਅਤੇ 8(1) (ਜੀ) ਤਹਿਤ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਉਨ੍ਹਾਂ ਵੱਲੋਂ ਇਸ ਸਬੰਧੀ ਇਸ ਕੇਸ ਨਾਲ ਮਿਲਦੇ-ਜੁਲਦੇ ਇੱਕ ਹੋਰ ਕੇਸ, ਅਪੀਲ ਕੇਸ ਨੰ:2245 ਆਫ 2017-ਸ਼੍ਰੀ ਨਵਦੀਪ ਗੁਪਤਾ ਬਨਾਮ ਅਸਿਸਟੈਂਟ ਇੰਸਪੈਕਟਰ ਜਨਰਲ, ਪੁਲਿਸ /ਪਰਸ-2, ਪੁਲਿਸ ਹੈੱਡ-ਕੁਆਟਰਜ਼, ਚੰਡੀਗੜ੍ਹ ਵਿੱਚ ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਪਾਸ ਕੀਤੇ ਗਏ ਹੁਕਮ, ਮਿਤੀ 25-06-2018 ਦੀ ਕਾਪੀ ਵੀ ਭੇਜੀ ਗਈ ਹੈ ਜਿਸ ਅਨੁਸਾਰ ਉੱਤਰਦਾਤਾ ਦੇ ਪੱਖ ਵਿੱਚ ਫੈਸਲਾ ਕੀਤਾ ਗਿਆ ਸੀ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



<u>ਅਪੀਲ ਕੇਸ ਨੰ:959/2019</u>

ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀਮਤੀ ਸੁਖਜਿੰਦਰ ਕੌਰ, ਐਡਵੋਕੇਟ ਰਾਹੀਂ ਭੇਜੀ ਗਈ ਈ.ਮੇਲ, ਮਿਤੀ 10-06-2019 ਦੁਆਰਾ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਮੰਗਦੇ ਹੋਏ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਆਰ.ਟੀ.ਆਈ. ਐਕਟ, 2005 ਦੀ ਧਾਰਾ 20(1) ਤਹਿਤ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ ਪਰੰਤੂ ਅਪੀਲਕਰਤਾ ਵਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਅਪੀਲ ਕੇਸ ਦਾਖਲ ਦਫ਼ਤਰ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 12 ਜੂਨ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰੁਨ ਕੁਮਾਰ,
ਪੁੱਤਰ ਸ਼੍ਰੀ ਰਮੇਸ਼ ਚੰਦਰ ਦੱਤਾ,
ਵਾਰਡ ਨੰ: 8 ਨੇੜੇ ਦੁਰਗਾ ਮੰਦਰ ਬਲਾਚੌਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਸਿੱਖਿਆ (ਸੈ:ਸਿੱ) ਪੰਜਾਬ,
ਮੁਹਾਲੀ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 119/2019**

**ਹਾਜ਼ਰ:-**

1) ਸ਼੍ਰੀ ਅਰੁਨ ਕੁਮਾਰ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਸੀਨੀਅਰ ਸਹਾਇਕ (95925-57500)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-08-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਸਿੱਖਿਆ (ਸੈ:ਸਿੱ) ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਾਨ-ਟੀਚਿੰਗ ਤੋਂ ਮਾਸਟਰ ਕੇਡਰ ਵਿੱਚ ਤਰੱਕੀ ਲਈ 1% ਕੋਟੇ ਦੇ ਡਰਾਫਟ ਰੂਲਾਂ ਆਦਿ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਮਿਤੀ, 30-04-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਉੱਤਰਦਾਤਾ, ਸ਼੍ਰੀ ਬਲਜਿੰਦਰ ਸਿੰਘ, ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:24/161-18 ਅ4(3), ਮਿਤੀ 01-01-2019, ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਸੀ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਦੇ ਨੁਕਤਾ ਨੰ:2 ਰਾਹੀਂ ਮੰਗੀ ਗਈ ਨੋਟੀਫਿਕੇਸ਼ਨ ਦੀ ਕਾਪੀ ਸ਼ਿਕਾਇਤਕਰਤਾ ਨੂੰ ਮੌਕੇ ਤੇ ਦਸਤੀ ਦੇ ਦਿੱਤੀ ਗਈ ਸੀ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਹੀ ਸੀ ਕਿ ਆਰ.ਟੀ.ਆਈ. ਦੇ ਨੁਕਤਾ ਨੰ:1 ਰਾਹੀਂ ਮੰਗੀ ਗਈ ਸੂਚਨਾ ਬਾਰੇ ਸ਼ਿਕਾਇਤਕਰਤਾ ਨੂੰ ਵੈੱਬਸਾਈਟ ਦੇ ਪੂਰੇ ਵੇਰਵਾ ਬਾਰੇ ਸੂਚਿਤ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਗੁਰਪ੍ਰੀਤ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਕਿ ਉਨ੍ਹਾਂ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 30-04-2019 ਅਨੁਸਾਰ ਸ਼ਿਕਾਇਤਕਰਤਾ ਨੂੰ ਵੈੱਬਸਾਈਟ ਦੇ ਵੇਰਵੇ ਬਾਰੇ ਸੂਚਿਤ ਕੀਤਾ ਜਾ ਚੁੱਕਾ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:24/6118ਅ-4(5), ਮਿਤਮੀ 22-05-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਵੈੱਬਸਾਈਟ ਤੇ ਉਸ ਵੱਲੋਂ ਮੰਗੀ ਗਈ ਸੂਚਨਾ ਉਪਲਬਧ ਨਹੀਂ ਹੈ।

4. ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਮਨਪ੍ਰੀਤ ਸਿੰਘ, (99152-52877)
ਪੁੱਤਰ ਸ਼੍ਰੀ ਅਵਤਾਰ ਸਿੰਘ,
ਪਿੰਡ ਤੇ ਡਾਕਖਾਨਾ ਹੁਸ਼ਿਆਰਪੁਰ,
ਤਹਿਸੀਲ ਖਰੜ, ਜ਼ਿਲ੍ਹਾ ਮੁਹਾਲੀ। -------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਾਇਰੈਕਟਰ, ਬਿਊਰੋ ਆਫ ਇੰਨਵੈਸਟੀਗੇਸ਼ਨ,
ਪੰਜਾਬ ਪੁਲਿਸ, ਹੈੱਡ ਕੁਆਟਰ,ਸੈਕਟਰ 9, ਚੰਡੀਗੜ੍ਹ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 437/2019**

**ਹਾਜ਼ਰ:-**

1) ਸ਼ਿਕਾਇਤਕਰਤਾ ਸਮੇਤ ਸ਼੍ਰੀ ਵਿਸ਼ਾਲ ਸਤੀਜਾ ਐਡਵੋਕੇਟ।
2) ਉੱਤਰਦਾਤਾ ਵੱਲੋਂ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ (94171-31510) ਅਤੇ ਸ਼੍ਰੀ ਜਾਗਰ ਸਿੰਘ, ਸਟੈਨੋ (9814231025)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਬਿਊਰੋ ਆਫ ਇੰਨਵੈਸਟੀਗੇਸ਼ਨ, ਪੰਜਾਬ ਪੁਲਿਸ, ਹੈੱਡ ਕੁਆਟਰ,ਸੈਕਟਰ 9, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2016 ਵਿੱਚ ਪੰਜਾਬ ਪੁਲਿਸ ਵਿੱਚ ਕੰਸਟੇਬਲਾਂ ਦੀ ਭਰਤੀ ਲਈ ਦਿੱਤੇ ਗਏ ਇਸ਼ਤਿਹਾਰ, ਮਿਤੀ 31-05-2019 ਨਾਲ ਸਬੰਧਤ ਸ਼੍ਰੀ ਮਨਜਿੰਦਰ ਸਿੰਘ ਪੁੱਤਰ ਸ਼੍ਰੀ ਜ਼ਸਪਾਲ ਸਿੰਘ ਬਾਰੇ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-05-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ ਨੇ ਪੱਤਰ ਨੰ:1657-1658/ਆਰ.ਟੀ.ਆਈ.-2, ਮਿਤੀ 12-06-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾਤ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਵਿਸ਼ਾਲ ਸਤੀਜਾ ਐਡਵੋਕੇਟ ਨੇ ਕਿਹਾ ਕਿ ਉਨ੍ਹਾਂ ਨੂੰ ਅਜੇ ਮੁਕੰਮਲ ਸੂ ਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ 2 ਨੁਕਤਿਆਂ ਬਾਰੇ ਸੂਚਨਾ ਪਹਿਲਾਂ ਹੀ ਪੱਤਰ, ਮਿਤੀ 03-05-2019 ਰਾਹੀਂ ਸ਼ਿਕਾਇਤਕਰਤਾ ਨੂੰ ਦਿੱਤੀ ਜਾ ਚੁੱਕੀ ਹੈ ਪਰੰਤੂ 3 ਨੁਕਤਿਆਂ (ਨੁਕਤਾ ਨੰ: ਸੀ, ਡੀ ਅਤੇ ਈ) ਬਾਰੇ ਸੂਚਨਾ ਦੇਣ ਤੋਂ ਇੰਨਕਾਰ ਕੀਤਾ ਜਾ ਰਿਹਾ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਮਾਮਲੇ ਤੇ ਦੁਬਾਰਾ ਵਿਚਾਰ ਕਰਕੇ ਸ਼ਿਕਾਇਕਰਤਾ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 12 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।